**VIGILANCE BUREAU, PUNJAB**

**VIGILANCE NABS PSPCL ADDITIONAL JE FOR TAKING BRIBE**

Chandigarh, November 21: State Vigilance Bureau today nabbed Additional Junior Engineer (AJE) of PSPCL red handed while accepting bribe of Rs. 10,000.

Disclosing this an official spokesperson of the Vigilance Bureau said Avtar Singh Additional JE posted at PSPCL Sub-division West Technical, PSPCL Patiala has been nabbed red handed on the complaint of Jagdeep Singh of Ram Nagar, Patiala.

The complaint has approached the VB and alleged that the above said AJE was demanding Rs.10,000 to install a domestic electricity meter tempered with for recording low consumption.

After verifying his information, a Vigilance team laid a trap and the accused AJE arrested on the spot while accepting bribe of Rs. 10,000 from the complainant in the presence of two official witnesses.

He informed that a case under Prevention of Corruption Act has been registered against the accused at VB police station Patiala and further investigation was under progress.

------------------

## ਵਿਜੀਲੈਂਸ ਬਿਓਰੋ ਪੰਜਾਬ

## ਵਿਜੀਲੈਂਸ ਵਲੋਂ ਪੀ.ਐਸ.ਪੀ.ਸੀ.ਐਲ ਦਾ ਵਧੀਕ ਜੇ.ਈ 10,000 ਰੁਪਏ ਰਿਸ਼ਵਤ ਲੈਂਦੇ ਕਾਬੂ

ਚੰਡੀਗੜ੍ਹ , 21 ਨਵੰਬਰ:

ਵਿਜੀਲੈਂਸ ਬਿਊਰੋ ਪੰਜਾਬ ਵੱਲੋਂ ਅੱਜ ਪੀ.ਐਸ.ਪੀ.ਸੀ.ਐਲ ਸਬ-ਡਵੀਜ਼ਨ ਵੈਸਟ ਟੈਕਨੀਕਲ, ਪੀ.ਐਸ.ਪੀ.ਸੀ.ਐਲ ਪਟਿਆਲਾ ਵਿਖੇ ਤਾਇਨਾਤ ਵਧੀਕ ਜੇ. ਈ. ਅਵਤਾਰ ਸਿੰਘ ਨੂੰ 10,000 ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਵਧੀਕ ਜੇ.ਈ ਨੂੰ ਜਗਦੀਪ ਸਿੰਘ, ਵਾਸੀ ਰਾਮ ਨਗਰ ਪਟਿਆਲਾ ਦੀ ਸ਼ਿਕਾਇਤ ਉੱਤੇ 10,000 ਰੁਪਏ ਰਿਸ਼ਵਤ ਲੈਦਿਆਂ ਰੰਗੇ ਹੱਥੀ ਕਾਬੂ ਕੀਤਾ ਗਿਆ ਹੈ।

ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਵਧੀਕ ਜੇ.ਈ ਵਲੋਂ ਉਸ ਦੇ ਘਰ ਦੇ ਬਿਜਲੀ ਦੇ ਮੀਟਰ ਦੀ ਰਫਤਾਰ ਘੱਟ ਕਰਕੇ ਬਿਜਲੀ ਦੀ ਖਪਤ ਘਟ ਦਰਸ਼ਾਉਣ ਬਦਲੇ 10, 000 ਰੁਪਏ ਦੀ ਮੰਗ ਹੈ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਵਧੀਕ ਜੇ.ਈ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ।

ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਪਟਿਆਲਾ ਵਿਖੇ ਮੁਕਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।